

ਬੱਧਨੀ ਕਲਾਂ ਦੇ ਲੋਪੋ ਚੌਕ 'ਚ ਪ੍ਰਧਾਨ ਮੰਤਰੀ ਦਾ ਪੁਤਲਾ ਫੂਕਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਆਗੂ ਤੇ ਵਰਕਰ। ਤਸਵੀਰ : ਸੰਜੀਵ ਕੋਛੜ

# ਮੰਗਾਂ ਖ਼ਾਤਰ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵਲੋਂ ਰੋਸ ਪ੍ਰਦਰਸ਼ਨ

ਬੱਧਨੀ ਕਲਾਂ, 3 ਜਨਵਰੀ (ਸੰਜੀਵ ਕੋਛੜ)- ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੀ ਅਹਿਮ ਮੀਟਿੰਗ ਬਲਾਕ ਆਗੂ ਕੇਵਲ ਕ੍ਰਿਸ਼ਨ ਸ਼ਰਮਾ ਦੀ ਅਗਵਾਈ 'ਚ ਪੁਰਾਣੀ ਅਨਾਜ ਮੰਡੀ ਬੱਧਨੀ ਕਲਾਂ ਵਿਖੇ ਹੋਈ ਜਿਸ ਦੌਰਾਨ ਵੱਡੀ ਗਿਣਤੀ 'ਚ ਇਕੱਤਰ ਹੋਏ ਆਗੂਆਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੇਵਲ ਕ੍ਰਿਸ਼ਨ ਸ਼ਰਮਾ ਤੇ ਹੋਰਨਾਂ ਬੁਲਾਰਿਆਂ ਨੇ ਕੇਂਦਰ ਤੇ ਰਾਜ ਸਰਕਾਰ ਨੂੰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਦਿੱਲੀ ਦਾ ਸੰਘਰਸ਼ ਅਜੇ ਖ਼ਤਮ ਨਹੀਂ ਹੋਇਆ ਬਲਕਿ ਮੁਲਤਵੀ ਹੋਇਆ ਹੈ। ਅੱਜ ਵੀ ਸਾਰੇ ਕਿਸਾਨ ਕੇਂਦਰ ਦੀ ਹਕੂਮਤ ਦੀਆਂ ਲੋਕ ਮਾਰੂ ਨੀਤੀਆਂ ਦੇ ਵਿਰੋਧ 'ਚ ਇਕਜੁੱਟ ਹਨ। ਉਨ੍ਹਾਂ ਦਿੱਲੀ ਮੋਰਚੇ ਨਾਲ ਸਬੰਧਿਤ ਲਖੀਮਪੁਰ ਖੀਰੀ ਦੀ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ, ਕੇਂਦਰੀ ਮੰਤਰੀ ਅਜੇ ਮਿਸ਼ਰਾ ਨੂੰ ਅਹੁਦੇ ਤੋਂ ਬਰਖ਼ਾਸਤ ਕਰਨ, ਪਾਏ ਗਏ ਝੂਠੇ ਪਰਚੇ ਰੱਦ ਕਰਨ, ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ, ਐਮ.ਐੱਸ.ਪੀ. ਦੀ ਪੱਕੀ ਗਰੰਟੀ ਦੇਣ ਤੋਂ ਇਲਾਵਾ ਸੂਬੇ 'ਚ ਰਾਜ ਕਰ ਰਹੀ ਚਰਨਜੀਤ ਸਿੰਘ ਚੰਨੀ ਦੀ ਸਰਕਾਰ ਨੂੰ ਮੰਨੀਆਂ ਮੰਗਾਂ ਲਾਗੂ ਕਰਨ ਤੋਂ ਇਲਾਵਾ ਜਥੇਬੰਦੀ ਨਾਲ ਮੀਟਿੰਗ ਦਾ ਸਮਾ ਜਲਦ ਤੈਅ ਕਰਨ ਦੀ ਮੰਗ ਕਰਦਿਆਂ ਕੇਂਦਰ ਤੇ ਸੂਬਾ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ। ਉਪਰੰਤ ਪ੍ਰਧਾਨ ਮੰਤਰੀ ਦੀ ਅਰਥੀ ਮੋਢਿਆਂ 'ਤੇ ਚੁੱਕ ਕੇ ਸ਼ਹਿਰ ਦੇ ਮੁੱਖ ਬਾਜ਼ਾਰਾਂ 'ਚ ਰੋਸ ਜ਼ਾਹਿਰ ਕਰਦਿਆਂ ਲੋਪੋ ਚੌਕ 'ਚ ਆ ਕੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਕੇਵਲ ਕ੍ਰਿਸ਼ਨ ਸ਼ਰਮਾ, ਕਰਨੈਲ ਸਿੰਘ, ਮਾਸਟਰ ਸਵਰਨ ਸਿੰਘ, ਬੂਟਾ ਸਿੰਘ ਕੌਕਾਂ ਪੱਤੀ, ਗੁਰਬਖ਼ਸ਼ ਸਿੰਘ, ਸਿਕੰਦਰ ਸਿੰਘ, ਨਿਰਮਲ ਲੋਪੋ, ਕਲਿਆਣ ਸਿੰਘ, ਗੁਰਦੇਵ ਮਿਆਣਾ, ਸੱਜਣ ਸਿੰਘ, ਜਗਦੀਪ ਕੋਠੇ, ਬੀਰਾ ਕੋਠੇ, ਕੁਲਦੀਪ ਮਿਸਤਰੀ, ਸਵਰਨਜੀਤ ਸੋਮੀ, ਗੁਰਮੇਲ ਸਿੰਘ, ਹਰਦੇਵ ਬੌਡੇ, ਬਲਜੀਤ ਮੱਦੀ, ਰਾਮ ਸਿੰਘ ਗਿੱਲ, ਨੀਲਾ, ਜੱਸਾ ਸਿੰਘ, ਹਰਜਿੰਦਰ ਗਿਆਨੀ, ਜਗਰਾਜ ਸਿੰਘ ਖੋਖਰ ਆਦਿ ਹਾਜ਼ਰ ਸਨ।

# 15 ਤੋਂ 18 ਸਾਲ ਤੱਕ ਦੇ ਬੱਚਿਆਂ ਦਾ ਕੋਵਿਡ ਟੀਕਾਕਰਨ ਦਾ ਹੋਇਆ ਆਗਾਜ਼

## ਡਿਪਟੀ ਕਮਿਸ਼ਨਰ ਦੀ ਮੌਜੂਦਗੀ 'ਚ ਸਿਹਤ ਮਾਹਿਰਾਂ ਵੱਲੋਂ ਮੁਹਿੰਮ ਦੀ ਸ਼ੁਰੂਆਤ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- ਜ਼ਿਲ੍ਹੇ ਵਿੱਚ 15 ਤੋਂ 18 ਸਾਲ ਤੱਕ ਦੇ ਬੱਚਿਆਂ ਦਾ ਕੋਵਿਡ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਅੱਜ ਡਿਪਟੀ ਕਮਿਸ਼ਨਰ ਮੋਗਾ ਹਰੀਸ਼ ਨਈਅਰ, ਸਿਵਲ ਸਰਜਨ ਮੋਗਾ ਡਾ. ਹਿਤਿੰਦਰ ਕਲੇਰ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਮੋਗਾ ਡਾ. ਅਸ਼ੋਕ ਸਿੰਗਲਾ ਵਲੋਂ ਸਿਵਲ ਹਸਪਤਾਲ ਮੋਗਾ ਵਿਚ ਬੱਚਿਆਂ ਦੇ ਟੀਕੇ ਲਗਵਾ ਕੇ ਕੀਤੀ। ਮੁਹਿੰਮ ਦੇ ਪਹਿਲੇ ਦਿਨ ਅੱਜ ਵੱਡੀ ਗਿਣਤੀ ਵਿਚ ਬੱਚਿਆਂ ਦੇ ਟੀਕਾਕਰਨ ਕੀਤਾ ਗਿਆ। ਸਿਵਲ ਸਰਜਨ ਮੋਗਾ ਡਾ. ਹਿਤਿੰਦਰ ਕਲੇਰ ਨੇ ਦੱਸਿਆ ਕਿ ਰਾਜ ਵਿੱਚ 15 ਤੋਂ 18 ਸਾਲ ਤੱਕ ਦੇ ਤਕਰੀਬਨ 14 ਲੱਖ 19 ਹਜ਼ਾਰ ਬੱਚਿਆਂ ਨੂੰ ਕੋਵਿਡ ਟੀਕਾਕਰਨ ਕਰਨ ਦਾ ਟੀਚਾ ਰੱਖਿਆ ਗਿਆ ਹੈ ਜਿਸ ਲਈ ਅਲੱਗ ਸੈਸ਼ਨ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਕੇਵਲ ਕੋਵੈਕਸਿਨ ਹੀ ਲਗਾਈ ਜਾਵੇਗੀ। ਉਨ੍ਹਾਂ ਕਿਹਾ ਕਿ ਬੱਚਿਆਂ ਵਲੋਂ ਕੋਵਿਡ ਟੀਕਾਕਰਨ ਕਰਵਾਉਣ ਵਿਚ ਕਾਫੀ ਉਤਸ਼ਾਹ ਦਿਖਾਇਆ ਜਾ ਰਿਹਾ ਹੈ ਅਤੇ ਉਮੀਦ ਹੈ ਕਿ ਜਲਦ ਹੀ ਇਸ ਉਮਰ ਵਰਗ ਦੇ ਬੱਚਿਆਂ ਦਾ ਕੋਵਿਡ ਟੀਕਾਕਰਨ ਦਾ ਟੀਚਾ ਜਲਦ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅਭਿਆਨ ਤਹਿਤ ਕੋਵਿਡ ਟੀਕਾਕਰਨ ਪੂਰੇ ਸੁਚੱਜੇ ਢੰਗ ਨਾਲ ਕੀਤਾ ਜਾਵੇਗਾ ਤੇ ਬੱਚਿਆਂ ਨੂੰ ਕੋਵੈਕਸਿਨ ਦੀ ਦੂਜੀ ਡੋਜ਼ 28 ਦਿਨਾਂ ਬਾਅਦ ਲਗਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੈਂਪ ਸਥਾਨ/ਵੈਕਸੀਨੇਸ਼ਨ ਸਥਾਨ 'ਤੇ ਕੋਈ ਵੀ 15 ਤੋਂ 18 ਸਾਲ ਤੱਕ ਦਾ ਬੱਚਾ ਆਪਣਾ ਆਈ.ਡੀ. ਸਬੂਤ ਜਿਵੇਂ ਸਕੂਲ ਆਈ.ਡੀ. ਕਾਰਡ, ਪੈਨ ਕਾਰਡ, ਆਧਾਰ ਕਾਰਡ, ਪਾਸਪੋਰਟ, ਫੋਟੋ ਵਾਲਾ ਰਾਸ਼ਨ ਕਾਰਡ, ਯੂ.ਡੀ.ਆਈ.ਡੀ. ਸਰਟੀਫਿਕੇਟ ਆਦਿ 'ਚੋਂ ਕੋਈ ਵੀ ਇਕ ਸਬੂਤ ਦਿਖਾ ਕੇ ਆਪਣਾ ਕੋਵਿਡ ਕੋਵਿਡ ਟੀਕਾਕਰਨ ਕਰਵਾ ਸਕਦਾ ਹੈ ਜਾਂ ਕੋਵਿਨ ਐਪ ਤੇ ਪਹਿਲਾਂ ਰਜਿਸਟਰੇਸ਼ਨ ਵੀ ਕਰਵਾਈ ਜਾ ਸਕਦੀ ਹੈ।



15 ਤੋਂ 18 ਸਾਲ ਤੱਕ ਦੇ ਬੱਚਿਆਂ ਦਾ ਕੋਵਿਡ ਟੀਕਾਕਰਨ ਦਾ ਆਗਾਜ਼ ਕਰਨ ਸਮੇਂ ਅਧਿਕਾਰੀ ਤੇ ਡਾਕਟਰ। ਤਸਵੀਰ : ਹਰਜੀਤ ਸਿੰਘ



ਪਿੰਡ ਭਿੰਡਰ ਖ਼ੁਰਦ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਆਗੂ ਪ੍ਰਧਾਨ ਮੰਤਰੀ ਦਾ ਪੁਤਲਾ ਫੂਕਦੇ ਹੋਏ। ਤਸਵੀਰ: ਪਰਮਿੰਦਰ ਸਿੰਘ ਗਿੱਲ

# ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ

ਕਿਸ਼ਨਪੁਰਾ ਕਲਾਂ, 3 ਜਨਵਰੀ (ਪਰਮਿੰਦਰ ਸਿੰਘ ਗਿੱਲ/ਅਮੋਲਕ ਸਿੰਘ ਕਲਸੀ)- ਸੰਯੁਕਤ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੀ ਇਕਾਈ ਭਿੰਡਰ ਖ਼ੁਰਦ ਨੇ ਕੇਂਦਰ ਦੀ ਸਰਕਾਰ ਵਲੋਂ ਕਿਸਾਨੀ ਸੰਘਰਸ਼ ਦੌਰਾਨ ਰਹਿੰਦੀਆਂ ਮੰਗਾਂ ਨਾ ਲਾਗੂ ਕਰਨ ਦੇ ਵਿਰੋਧ ਵਿਚ ਦੇਸ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਜਗਵੀਰ ਸਿੰਘ ਕਾਮਰੇਡ, ਜੋਗਿੰਦਰ ਸਿੰਘ ਗਿੰਦੀ, ਜਗਤਾਰ ਸਿੰਘ ਜੱਗਾ ਆਦਿ ਕਿਸਾਨ ਆਗੂਆਂ ਨੇ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨੇ ਦਿੱਲੀ ਕਿਸਾਨ ਮੋਰਚੇ ਦੌਰਾਨ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਮੋਰਚੇ ਦੀ ਸਮਾਪਤੀ ਸਮੇਂ ਭਰੋਸਾ ਦਿੱਤਾ ਸੀ ਕਿ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਦਿੱਤੀ ਜਾਵੇਗੀ, ਕਿਸਾਨਾਂ 'ਤੇ ਦਰਜ ਮਾਮਲੇ ਖ਼ਾਰਜ ਕੀਤੇ ਜਾਣਗੇ, ਐਮ.ਐਸ.ਪੀ. ਲਾਗੂ ਕੀਤੀ ਜਾਵੇਗੀ, ਸ਼ਹੀਦ ਕਿਸਾਨਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇਗਾ ਸਮੇਤ ਕਿਸਾਨਾਂ ਦੀਆਂ ਹੋਰ ਮੰਗਾਂ ਮੰਨੀਆਂ ਜਾਣਗੀਆਂ ਪਰ ਅਜੇ ਤੱਕ ਕਿਸਾਨਾਂ ਦੀ ਕੋਈ ਇਕ ਵੀ ਮੰਗ ਮੰਨੀ ਨਹੀਂ ਗਈ ਜਿਸ ਦੇ ਰੋਸ ਵਜੋਂ ਕਿਸਾਨਾਂ ਵਲੋਂ ਪੂਰੇ ਪੰਜਾਬ ਵਿਚ ਪੁਤਲੇ ਫੂਕੇ ਜਾ ਰਹੇ ਹਨ। ਇਸ ਮੌਕੇ ਜਗਵੀਰ ਸਿੰਘ, ਜਗਰੂਪ ਸਿੰਘ, ਜਗਤਾਰ ਸਿੰਘ ਜੱਗਾ, ਜੋਗਿੰਦਰ ਸਿੰਘ ਗਿੰਦੀ, ਅਵਤਾਰ ਸਿੰਘ, ਰਣਜੋਧ ਸਿੰਘ ਬਲੀਆ, ਰਣਜੀਤ ਸਿੰਘ ਰਾਣਾ, ਗੁਰਚਰਨ ਸਿੰਘ, ਕੁਲਦੀਪ ਸਿੰਘ, ਬਲਤੇਜ ਸਿੰਘ ਤੂਰ, ਦਰਸ਼ਨ ਸਿੰਘ, ਸੁਖਵੀਰ ਸਿੰਘ, ਗੁਲਾਬਜੀਤ ਸਿੰਘ, ਲਖਵਿੰਦਰ ਸਿੰਘ ਆਦਿ ਹਾਜ਼ਰ ਸਨ।

# ਸੀਨੀਅਰ ਕਾਂਗਰਸੀ ਆਗੂ ਰਵਿੰਦਰ ਸਿੰਘ ਰਵੀ ਗਰੇਵਾਲ ਭਾਜਪਾ 'ਚ ਸ਼ਾਮਿਲ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- ਕਾਂਗਰਸ ਦੇ ਵੱਖ-ਵੱਖ ਅਹੁਦਿਆਂ 'ਤੇ ਪਿਛਲੇ 20 ਸਾਲਾਂ ਤੋਂ ਕੰਮ ਕਰਨ ਵਾਲੇ ਸੂਬਾ ਸਕੱਤਰ ਐਡਵੋਕੇਟ ਰਵਿੰਦਰ ਸਿੰਘ ਰਵੀ ਗਰੇਵਾਲ ਨੇ ਕਾਂਗਰਸ ਪਾਰਟੀ ਛੱਡ ਕੇ ਭਾਜਪਾ ਦਾ ਪੱਲਾ ਫੜ ਲਿਆ। ਉਨ੍ਹਾਂ ਨੂੰ ਭਾਜਪਾ ਵਿਚ ਕੇਂਦਰੀ ਮੰਤਰੀ ਤੇ ਪੰਜਾਬ ਇੰਚਾਰਜ ਗਜੇਂਦਰ ਸਿੰਘ ਸ਼ੇਖਾਵਤ ਤੇ ਰਾਣਾ ਗੁਰਮੀਤ ਸਿੰਘ ਸੋਢੀ ਨੇ ਸ਼ਾਮਿਲ ਕੀਤਾ। ਗਜੇਂਦਰ ਸਿੰਘ ਸ਼ੇਖਾਵਤ ਵਲੋਂ ਜਿੱਥੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ ਉੱਥੇ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਰਵੀ ਗਰੇਵਾਲ ਨੇ ਗੱਲਬਾਤ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ਚਾਪਲੂਸਾਂ ਦੀ ਪਾਰਟੀ ਹੋ ਕੇ ਰਹਿ ਗਈ ਹੈ ਤੇ ਇਸ ਪਾਰਟੀ ਅੰਦਰ ਅੱਜ ਭਾਈ ਭਤੀਜਾ ਵਾਦ ਇਸ ਕਦਰ ਵੱਧ ਗਿਆ ਹੈ ਕਿ ਮਿਹਨਤ ਕਰਨ ਵਾਲੇ ਵਰਕਰਾਂ ਤੇ ਆਗੂਆਂ ਦੀ ਕੋਈ ਪੁੱਛ ਪ੍ਰਤੀਤ ਨਹੀਂ ਰਹੀ। ਉਨ੍ਹਾਂ ਕਿਹਾ ਕਿ ਉਹ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਦੇਸ਼ ਵਿਚ ਲਏ ਗਏ ਵੱਡੇ ਫ਼ੈਸਲਿਆਂ ਤੋਂ ਪ੍ਰਭਾਵਿਤ ਹੋ ਕੇ ਹੀ ਭਾਜਪਾ ਵਿਚ ਆਏ ਹਨ।



ਐਡਵੋਕੇਟ ਰਵਿੰਦਰ ਸਿੰਘ ਰਵੀ ਗਰੇਵਾਲ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਭਾਜਪਾ 'ਚ ਸ਼ਾਮਿਲ ਹੋਣ ਸਮੇਂ। ਅਜੀਤ ਤਸਵੀਰ



ਪਿੰਡ ਮਾਛੀਕੇ ਵਿਖੇ ਨੈਸ਼ਨਲ ਹਾਈਵੇ 'ਤੇ ਲਗਾਏ ਧਰਨੇ ਦੌਰਾਨ ਐੱਸ.ਡੀ.ਐਮ. ਅਮਰੀਕ ਸਿੰਘ ਅਤੇ ਥਾਣਾ ਮੁਖੀ ਗੁਰਵਿੰਦਰ ਸਿੰਘ ਗੱਲਬਾਤ ਕਰਦੇ ਹੋਏ। ਤਸਵੀਰ: ਪਲਵਿੰਦਰ ਸਿੰਘ ਟਿਵਾਣਾ

# ਪਿੰਡ ਮਾਛੀਕੇ ਨੇੜੇ ਰਾਸ਼ਟਰੀ ਮਾਰਗ 'ਤੇ ਦੂਸਰੇ ਦਿਨ ਵੀ ਦਿਨ-ਰਾਤ ਦਾ ਧਰਨਾ ਜਾਰੀ

## ਐੱਸ.ਡੀ.ਐਮ. ਤੇ ਥਾਣਾ ਮੁਖੀ ਵਲੋਂ ਮੰਗਾਂ ਮੰਨਣ ਦਾ ਭਰੋਸਾ

ਨਿਹਾਲ ਸਿੰਘ ਵਾਲਾ, 3 ਜਨਵਰੀ (ਪਲਵਿੰਦਰ ਸਿੰਘ ਟਿਵਾਣਾ/ਸੁਖਦੇਵ ਸਿੰਘ ਖ਼ਾਲਸਾ)-ਸਬ ਡਵੀਜ਼ਨ ਨਿਹਾਲ ਸਿੰਘ ਵਾਲਾ ਦੇ ਪਿੰਡ ਮਾਛੀਕੇ ਨੇੜੇ ਨੈਸ਼ਨਲ ਹਾਈਵੇ 'ਤੇ ਆਪਣੀਆਂ ਮੰਗਾਂ ਨੂੰ ਲੈ ਕੇ ਪਿੰਡ ਮਾਛੀਕੇ ਵਾਸੀਆਂ ਵਲੋਂ ਰਾਸ਼ਟਰੀ ਮਾਰਗ 'ਤੇ ਦਿਨ ਰਾਤ ਦਾ ਪੱਕਾ ਮੋਰਚਾ ਦੂਸਰੇ ਦਿਨ ਵੀ ਜਾਰੀ ਰਿਹਾ। ਅੱਜ ਐੱਸ.ਡੀ.ਐਮ. ਨਿਹਾਲ ਸਿੰਘ ਵਾਲਾ ਅਮਰੀਕ ਸਿੰਘ ਅਤੇ ਥਾਣਾ ਨਿਹਾਲ ਸਿੰਘ ਵਾਲਾ ਦੇ ਮੁੱਖ ਅਫ਼ਸਰ ਗੁਰਵਿੰਦਰ ਸਿੰਘ ਪ੍ਰਦਰਸ਼ਨਕਾਰੀਆਂ ਕੋਲ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਗੰਭੀਰਤਾ ਨਾਲ ਸੁਣਿਆ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਇਸ ਰਾਸ਼ਟਰੀ ਮਾਰਗ ਕਾਰਨ ਪਿੰਡ ਵਾਸੀਆਂ ਨੂੰ ਆਈ ਗੰਦੇ ਪਾਣੀ ਦੇ ਨਿਕਾਸ ਦੀ ਸਮੱਸਿਆ ਨੂੰ ਦੂਰ ਕਰਨ ਲਈ ਗੰਦੇ ਪਾਣੀ ਦੇ ਨਿਕਾਸ ਲਈ 6 ਜਨਵਰੀ ਨੂੰ ਸੀਵਰੇਜ ਪਾਈਪਾਂ ਨੱਪੀਆਂ ਜਾਣਗੀਆਂ ਤੇ ਪਿੰਡ ਵਾਸੀਆਂ ਦੀ ਦੂਸਰੀ ਪੁਲ ਦੀ ਮੰਗ ਸਬੰਧੀ ਉਨ੍ਹਾਂ ਭਰੋਸਾ ਦਿੱਤਾ ਕਿ ਇਸ ਸਬੰਧੀ ਫਾਈਲ ਬਣਾ ਕੇ ਜਲੰਧਰ ਤੋਂ ਦਿੱਲੀ ਦਫ਼ਤਰ ਭੇਜ ਦਿੱਤੀ ਜਾਵੇਗੀ ਤੇ ਹੋਰ ਸਮੱਸਿਆਵਾਂ ਦਾ ਹੱਲ ਛੇਤੀ ਹੀ ਕਰ ਦਿੱਤਾ ਜਾਵੇਗਾ। ਅੱਜ ਰੋਡ ਜਾਮ ਦੇ ਦੂਜੇ ਦਿਨ ਇਕੱਠ ਨੂੰ ਸੰਬੋਧਨ ਕਰਦੇ ਹੋਏ ਜਨਤਕ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਇਸ ਰਾਸ਼ਟਰੀ ਮਾਰਗ ਦੀ ਉਸਾਰੀ ਦੌਰਾਨ ਜ਼ਮੀਨ ਅਕਵਾਇਰ ਕਰਨ ਦੇ ਮਾਮਲੇ ਵਿਚ ਵੱਡੀ ਪੱਧਰ 'ਤੇ ਘੁਟਾਲੇਬਾਜ਼ੀ ਹੋਈ ਹੈ ਜਿਸ ਲਈ ਪਿੰਡ ਦੇ ਕਈ ਘੜੰਮ ਚੌਧਰੀ ਦੋਸ਼ੀ ਹਨ ਜੋ ਕਿ ਆਪਣੇ ਆਪ ਨੂੰ ਬਚਾਉਣ ਲਈ ਪਿੰਡ ਦੀਆਂ ਮੰਗਾਂ ਦਾ ਭੋਗ ਪਾ ਕੇ ਜਲਦ ਸੜਕ ਬਣਾਉਣ ਲਈ ਉਤਾਵਲੇ ਹਨ ਤਾਂ ਕਿ ਘੁਟਾਲੇ ਦੇ ਮਾਮਲੇ 'ਤੇ ਪਰਦਾ ਪਾਇਆ ਜਾ ਸਕੇ। ਅੱਜ ਦੇ ਧਰਨੇ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਆਗੂ ਨਾਜ਼ਰ ਸਿੰਘ ਖਾਈ, ਜਗਰੂਪ ਸਿੰਘ ਰਾਊਕੇ ਤੇ ਬੇਅੰਤ ਸਿੰਘ ਮੱਲੇਆਣਾ ਨੇ ਸੰਬੋਧਨ ਕਰਦਿਆਂ ਕਿਹਾ ਅਸੀਂ 6 ਜਨਵਰੀ ਤੱਕ ਇੰਤਜ਼ਾਰ ਕਰਾਂਗੇ ਤੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨਾਲ ਗੱਲਬਾਤ ਕਰ ਕੇ ਅੱਗੇ ਦੇ ਪ੍ਰੋਗਰਾਮ ਬਾਰੇ ਐਲਾਨ ਕੀਤਾ ਜਾਵੇਗਾ। ਇਸ ਮੌਕੇ ਸੁਖਦੇਵ ਸਿੰਘ ਮਾਛੀਕੇ ਡੀਪੂ ਵਾਲਾ, ਕੇਵਲ ਸਿੰਘ ਪੰਚ, ਕਰਮਜੀਤ ਸਿੰਘ, ਕੁਲਵੰਤ ਸਿੰਘ, ਗੁਰਦੀਪ ਸਿੰਘ, ਸ਼ਿੰਦਰ ਸਿੰਘ, ਰਾਮਾਂ ਸਿੰਘ, ਕੇਵਲ ਸਿੰਘ ਪੰਚ, ਤਾਰਾ ਸਿੰਘ ਪੰਚ, ਗੁਲਬਿਹਾਰ ਸਿੰਘ, ਕੀਪਾ ਸਿੰਘ, ਮਾਨਕ ਸਿੰਘ, ਬਲਜੀਤ ਸਿੰਘ, ਜਗਤਜਨਕ ਸਿੰਘ, ਗਿਆਨ ਸਿੰਘ, ਭਾਨੀ ਸਿੰਘ, ਲੱਖਾਂ ਸਿੰਘ, ਮਾਸਟਰ ਗੁਰਬਖ਼ਸ਼ ਸਿੰਘ, ਸਰਬਜੀਤ ਸਿੰਘ, ਮਨਜੀਤ ਕੌਰ, ਮਹਿੰਦਰਪਾਲ ਕੌਰ, ਹਰਬੰਸ ਕੌਰ, ਭਜਨ ਕੌਰ, ਪਰਮਜੀਤ ਕੌਰ, ਬਲਵਿੰਦਰ ਕੌਰ, ਗੁਰਦੇਵ ਕੌਰ, ਜਸਵਿੰਦਰ ਕੌਰ, ਸੁਰਜੀਤ ਕੌਰ ਆਦਿ ਹਾਜ਼ਰ ਸਨ।



ਉਦਯੋਗਪਤੀਆਂ ਨਾਲ ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਨਰ ਮੋਗਾ ਹਰੀਸ਼ ਨਈਅਰ। ਤਸਵੀਰ : ਜਸਪਾਲ ਸਿੰਘ ਬੱਬੀ

# ਡਿਪਟੀ ਕਮਿਸ਼ਨਰ ਨੇ ਕੀਤੀ ਵੱਖ-ਵੱਖ ਜਥੇਬੰਦੀਆਂ, ਕਾਰੋਬਾਰੀਆਂ, ਉਦਯੋਗਪਤੀਆਂ ਨਾਲ ਮੀਟਿੰਗ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ, ਅਸ਼ੋਕ ਬਾਂਸਲ)- ਡਿਪਟੀ ਕਮਿਸ਼ਨਰ ਮੋਗਾ ਹਰੀਸ਼ ਨਈਅਰ ਨੇ ਮੋਗਾ ਦੇ ਧਵਨ ਪੈਲੇਸ ਵਿਚ ਜ਼ਿਲ੍ਹੇ ਦੀਆਂ ਵੱਖ-ਵੱਖ ਜਥੇਬੰਦੀਆਂ, ਕਾਰੋਬਾਰੀ, ਉਦਯੋਗਪਤੀ, ਦੁਕਾਨਾਂ ਦੇ ਮਾਲਕਾਂ ਨਾਲ ਇਕ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਹਰਚਰਨ ਸਿੰਘ ਵੀ ਹਾਜ਼ਰ ਸਨ। ਉਨ੍ਹਾਂ ਆਪਣੇ ਸੰਬੋਧਨ ਵਿਚ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਮਕਸਦ ਜ਼ਿਲ੍ਹੇ ਵਿਚ ਕੋਰੋਨਾ ਤੋਂ ਸੁਰੱਖਿਅਤ ਰਹਿਣ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਨੂੰ ਫਿਰ ਤੋਂ ਅਮਲ ਵਿਚ ਲਿਆਉਣਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਛੇਤੀ ਹੀ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੋਵਿਡ ਦੀਆਂ ਦੋਨੋਂ ਡੋਜ਼ਾਂ ਨਾ ਲਗਾਉਣ ਵਾਲਿਆਂ ਵਿਰੁੱਧ ਸ਼ਿਕੰਜਾ ਕੱਸਣ ਜਾ ਰਿਹਾ ਹੈ ਤਾਂ ਕਿ ਸਭ ਤੋਂ ਵੱਧ ਫੈਲਣ ਵਾਲੇ ਕੋਰੋਨਾ ਦੇ ਵੇਰੀਐਂਟ ਓਮੀਕਰੋਨ ਉੱਪਰ ਕਾਬੂ ਪਾਇਆ ਜਾ ਸਕੇ। ਉਨ੍ਹਾਂ ਮੀਟਿੰਗ ਜਰੀਏ ਜ਼ਿਲ੍ਹੇ ਦੇ ਸਮੂਹ ਕਾਰੋਬਾਰੀਆਂ ਅਤੇ ਵੱਖ ਵੱਖ ਦੁਕਾਨਾਂ ਦੇ ਮਾਲਕਾਂ ਤੋਂ ਓਮੀਕਰੋਨ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਦੇਣ ਦੀ ਮੰਗ ਕੀਤੀ। ਵਧੀਕ ਡਿਪਟੀ ਕਮਿਸ਼ਨਰ ਹਰਚਰਨ ਸਿੰਘ ਨੇ ਦੱਸਿਆ ਕਿ ਪੁਲਿਸ ਵਿਭਾਗ ਨੂੰ ਜਗ੍ਹਾ ਜਗ੍ਹਾ ਨਾਕੇ ਲਗਾ ਕੇ ਚੈਕਿੰਗ ਕਰਨ ਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।



ਮੋਦੀ ਦਾ ਪੁਤਲਾ ਸਾੜਨ ਸਮੇਂ ਪ੍ਰਧਾਨ ਸਤਪਾਲ ਸਿੰਘ ਲਾਡੀ, ਪ੍ਰਧਾਨ ਲਖਵੀਰ ਸਿੰਘ ਔਲਖ ਤੇ ਹੋਰ ਪਿੰਡ ਵਾਸੀ। ਤਸਵੀਰ: ਅਮੋਲਕ ਸਿੰਘ ਕਲਸੀ

# ਭਾਕਿਯੂ ਏਕਤਾ ਉਗਰਾਹਾਂ ਨੇ ਫੂਕੇ ਮੋਦੀ ਸਰਕਾਰ ਦੇ ਪੁਤਲੇ

ਕਿਸ਼ਨਪੁਰਾ ਕਲਾਂ, 3 ਜਨਵਰੀ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਪਿੰਡ ਹਿਰਦੇ ਵਾਲਾ ਦੀ ਇਕਾਈ ਦੀ ਮੀਟਿੰਗ ਅੱਜ ਗੁਰਦੁਆਰਾ ਸਾਹਿਬ ਦੇ ਸਾਹਮਣੇ ਚੁਰਸਤੇ 'ਚ ਪੱਤੀ ਮੁਲਤਾਨੀ ਵਿਖੇ ਪ੍ਰਧਾਨ ਸਤਪਾਲ ਸਿੰਘ ਲਾਡੀ ਹਿਰਦੇ ਵਾਲਾ ਤੇ ਬਲਾਕ ਪ੍ਰਧਾਨ ਲਖਵੀਰ ਸਿੰਘ ਔਲਖ ਕਿਸ਼ਨਪੁਰਾ ਕਲਾਂ ਦੀ ਅਗਵਾਈ ਹੇਠ ਮੋਦੀ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਲਖਵੀਰ ਸਿੰਘ ਔਲਖ ਕਿਸ਼ਨਪੁਰਾ ਨੇ ਕਿਹਾ ਕਿ ਮੋਦੀ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਰੈਲੀ ਕਰ ਰਿਹਾ ਹੈ। ਇਸ ਲਈ ਅਸੀਂ ਸਾਰੇ ਇਸ ਰੈਲੀ ਦਾ ਵਿਰੋਧ ਕਰਦੇ ਹਾਂ ਕਿਉਂਕਿ ਫ਼ਿਰੋਜ਼ਪੁਰ 'ਚ ਬੀ.ਜੇ.ਪੀ. ਦੀ ਰੈਲੀ ਕਰ ਕੇ ਪੰਜਾਬ ਦੀਆਂ ਵਿਧਾਨ ਸਭਾ ਦੀਆਂ ਚੋਣਾਂ ਦਾ ਆਗਾਜ਼ ਕਰਨ ਆ ਰਿਹਾ ਹੈ। ਜਦੋਂ ਮੋਦੀ ਨੇ 19 ਨਵੰਬਰ ਨੂੰ ਗੁਰਪੁਰਬ 'ਤੇ ਤਿੰਨ ਕਾਲੇ ਕਾਨੂੰਨ ਰੱਦ ਕਰਨ ਤੇ ਹੋਰ ਮੰਗਾਂ ਬਾਰੇ ਸਹਿਮਤੀ ਦਿੱਤੀ ਸੀ ਤੇ ਬਾਕੀ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਸੀ ਪਰ ਅਜੇ ਤੱਕ ਮੰਗਾਂ ਲਾਗੂ ਨਹੀਂ ਕੀਤੀਆਂ। ਇਸ ਮੌਕੇ ਪੁਤਲਾ ਸਾੜਨ ਸਮੇਂ ਸਰਪੰਚ ਅਮਰਦੀਪ ਸਿੰਘ ਪੱਤੀ ਮੁਲਤਾਨੀ, ਬਾਬਾ ਪਿੱਪਲ ਸਿੰਘ, ਗੁਰਸਿਮਰਨ ਸਿੰਘ ਉੱਪਲ, ਅਵਤਾਰ ਸਿੰਘ ਉੱਪਲ, ਸੱਤਾ ਸੋਹਲ, ਪਲਵਿੰਦਰ ਸਿੰਘ, ਪੰਮਾ ਛੀਨਾ, ਮਾਨ ਸਿੰਘ ਫ਼ੌਜੀ, ਮਲਕੀਤ ਸਿੰਘ, ਮੁਖ਼ਤਿਆਰ ਸਿੰਘ, ਜੋਥ ਸੋਹਲ, ਗਗਨ ਸਿੱਧੂ, ਸੁਖਮਨ ਸੋਹਲ, ਤਰਨ ਤੂਰ ਆਦਿ ਹਾਜ਼ਰ ਸਨ।



ਅਜੀਤਵਾਲ ਮੁੱਖ ਮਾਰਗ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਸਾੜਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਨੁਮਾਇੰਦਿਆਂ ਨਾਲ ਜਥੇਬੰਦੀ ਦੀਆਂ ਔਰਤਾਂ ਤੇ ਹੋਰ। ਤਸਵੀਰ : ਹਰਦੇਵ ਸਿੰਘ ਮਾਨ

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਡੀ.ਸੀ. ਦਫ਼ਤਰ ਮੂਹਰੇ ਰੋਸ ਧਰਨਾ

ਮੋਗਾ, 3 ਜਨਵਰੀ (ਅਸ਼ੋਕ ਬਾਂਸਲ)- ਕਿਸਾਨਾਂ ਦੀ ਕਰਜ਼ਾ ਮੁਆਫ਼ੀ ਫ਼ਸਲ ਖ਼ਰਾਬੇ ਦੇ ਮੁਆਵਜ਼ੇ ਸਮੇਤ ਹੋਰ ਮੰਗਾਂ ਮਨਵਾਉਣ ਤੇ ਮੁੱਖ ਮੰਤਰੀ ਚੰਨੀ ਵਲੋਂ ਮੀਟਿੰਗਾਂ ਦੇ ਕੇ ਵਾਰ ਵਾਰ ਮੁਕਰਨ ਦੀ ਪੰਜਾਬ ਸਰਕਾਰ ਦੀ ਨੀਤੀ ਖ਼ਿਲਾਫ਼ ਡਿਪਟੀ ਕਮਿਸ਼ਨਰ ਮੋਗਾ ਦੇ ਦਫ਼ਤਰ ਸਾਹਮਣੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਵਲੋਂ ਲਾਇਆ ਧਰਨਾ ਅੱਜ 15-ਵੇ ਦਿਨ ਵੀ ਜਾਰੀ ਹੈ ਤੇ ਡਿਪਟੀ ਕਮਿਸ਼ਨਰ ਦੇ ਦਫ਼ਤਰ ਦੇ ਘਿਰਾਓ ਨੂੰ ਅੱਜ ਚੌਥਾ ਦਿਨ ਹੈ। ਅੱਜ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ ਕੇ ਤੇ ਜ਼ਿਲ੍ਹਾ ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ 3 ਜਨਵਰੀ ਦੀ ਲਿਖਤੀ ਮੀਟਿੰਗ ਦੇ ਕੇ ਮੀਟਿੰਗ ਕਰਨ ਤੇ ਕਿਸਾਨਾਂ ਦੀਆਂ ਮੰਗਾਂ ਮੰਨਣ ਤੋਂ ਫਿਰ ਭੱਜ ਗਿਆ ਹੈ। ਲਗਾਤਾਰ 3 ਮੀਟਿੰਗਾਂ ਦੇ ਕੇ ਭੱਜ ਜਾਣ ਤੋਂ ਸਪਸ਼ਟ ਹੈ ਕਿ ਉਸ ਦਾ ਵਤੀਰਾ ਟਾਲ ਮਟੋਲ ਵਾਲਾ ਹੈ। ਉਹ ਖੁਦਕੁਸ਼ੀਆਂ ਤੇ ਕਰਜ਼ਿਆਂ ਤੋਂ ਝੰਬੇ ਕਿਸਾਨਾਂ, ਮਜ਼ਦੂਰਾਂ ਦੀ ਕੋਈ ਗੱਲ ਨਹੀ ਸੁਣਨਾ ਚਾਹੁੰਦਾ। ਬੇਰੁਜ਼ਗਾਰ ਟੀਚਰਾਂ ਤੇ ਮਾਨਸਾ ਵਿਖੇ ਮੁੱਖ ਮੰਤਰੀ ਦੀ ਹਾਜ਼ਰੀ 'ਚ ਅੰਨ੍ਹੇਵਾਹ ਲਾਠੀਚਾਰਜ ਕਰਨ ਵਾਲੇ ਡੀ.ਐਸ.ਪੀ. ਖ਼ਿਲਾਫ਼ ਕੇਸ ਦਰਜ ਕਰਕੇ ਜੇਲ੍ਹ ਵਿਚ ਬੰਦ ਕਰਨ ਤੋਂ ਵੀ ਸਰਕਾਰ ਪਾਸਾ ਪੱਟ ਰਹੀ ਹੈ ਜਿੱਥੇ ਜਥੇਬੰਦੀ ਉਸ ਦੇ ਇਸ ਵਤੀਰੇ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦੀ ਹੈ, ਉੱਥੇ ਆਉਣ ਵਾਲੇ ਸਮੇਂ ਵਿਚ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਵੀ ਤੇਜ਼ ਕੀਤਾ ਜਾਵੇਗਾ। ਆਗੂਆਂ ਨੇ ਇਹ ਵੀ ਕਿਹਾ ਕਿ ਜਿੱਥੇ ਅੱਜ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਲੜਨਾ ਹੈ ਉੱਥੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਕਾਲੇ ਖੇਤੀ ਕਾਨੂੰਨ ਰੱਦ ਕਰਨ ਸਮੇਂ ਲਟਕਦੀਆਂ ਮੰਗਾਂ ਹੱਲ ਕਰਨ ਦੇ ਲਿਖਤੀ ਵਾਅਦਿਆਂ ਵਿਚੋਂ ਕੋਈ ਵੀ ਮੰਗ ਲਾਗੂ ਨਾ ਕਰਨ ਵਿਰੁੱਧ ਰੋਸ ਵਜੋਂ ਕੱਲ੍ਹ ਮੋਗਾ ਜ਼ਿਲ੍ਹੇ ਦੇ 7 ਪਿੰਡਾਂ ਵਿਚ ਅਰਥੀਆਂ ਸਾੜੀਆਂ ਗਈਆਂ ਤੇ ਅੱਜ ਡਿਪਟੀ ਕਮਿਸ਼ਨਰ ਮੋਗਾ ਦੇ ਦਫ਼ਤਰ ਮੂਹਰੇ ਮੋਦੀ ਸਰਕਾਰ ਦੀ ਅਰਥੀ ਸਾੜੀ ਜਾਵੇਗੀ। ਅੱਜ ਦੇ ਧਰਨੇ ਨੂੰ ਉਪਰੋਕਤ ਤੋਂ ਬਿਨਾਂ ਗੁਰਦੇਵ ਸਿੰਘ ਕਿਸ਼ਨਪੁਰਾ, ਬੂਟ ਸਿੰਘ ਭਾਗੀਕੇ, ਬਚਿੱਤਰ ਕੌਰ, ਮਹਿੰਦਰ ਕੌਰ ਸੱਦਾ ਸਿੰਘ ਵਾਲਾ, ਮਾਸਟਰ ਹਜ਼ੂਰਾ ਸਿੰਘ ਘੱਲ ਕਲਾਂ ਨੇ ਵੀ ਸੰਬੋਧਨ ਕੀਤਾ।



ਡਿਪਟੀ ਕਮਿਸ਼ਨਰ ਦਫ਼ਤਰ ਦੇ ਮੂਹਰੇ ਰੋਸ ਧਰਨੇ ਨੂੰ ਸੰਬੋਧਨ ਕਰਦਾ ਹੋਇਆ ਆਗੂ। ਤਸਵੀਰ : ਹਰਜੀਤ ਸਿੰਘ

## 4 ਤੋਂ 6 ਜਨਵਰੀ ਤੱਕ ਬਿਜਲੀ ਸਪਲਾਈ ਬੰਦ ਰਹੇਗੀ

ਨਿਹਾਲ ਸਿੰਘ ਵਾਲਾ, 3 ਜਨਵਰੀ (ਪਲਵਿੰਦਰ ਸਿੰਘ ਟਿਵਾਣਾ)- ਪਾਵਰ ਕਾਮ ਸਬ ਡਵੀਜ਼ਨ ਪੱਤੋ ਹੀਰਾ ਸਿੰਘ ਦੇ ਐੱਸ.ਡੀ.ਓ. ਬਿੰਦਰ ਸਿੰਘ, ਜੇ.ਈ. ਰਵਿੰਦਰਜੀਤ ਸਿੰਘ ਅਤੇ ਏ.ਜੇ.ਈ. ਕੁਲਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ 66 ਕੇ.ਵੀ. ਬਿਜਲੀ ਗਰਿਡ ਪੱਤੋ ਹੀਰਾ ਸਿੰਘ ਤੋਂ ਚੱਲਦੇ ਮੰਡੀ ਨਿਹਾਲ ਸਿੰਘ ਵਾਲਾ ਦਾ ਸਨਅਤੀ ਅਰਬਨ ਫੀਡਰ ਦੀ ਜ਼ਰੂਰੀ ਮੁਰੰਮਤ ਕਰਨ ਕਰ ਕੇ ਇਸ ਫੀਡਰ ਦੀ ਬਿਜਲੀ ਸਪਲਾਈ ਅੱਜ 4 ਜਨਵਰੀ ਤੋਂ ਲੈ ਕੇ 5 ਜਨਵਰੀ ਅਤੇ 6 ਜਨਵਰੀ ਤੱਕ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

# ਬੀ.ਕੇ.ਯੂ. ਉਗਰਾਹਾਂ ਨੇ ਡਾਲਾ ਤੇ ਕੋਕਰੀ ਕਲਾਂ ਪਿੰਡਾਂ 'ਚ ਸਾੜੇ ਮੋਦੀ ਦੇ ਪੁਤਲੇ

ਅਜੀਤਵਾਲ, 3 ਜਨਵਰੀ (ਸ਼ਮਸ਼ੇਰ ਸਿੰਘ ਗਾਲਿਬ)- ਬੀ.ਕੇ.ਯੂ. ਉਗਰਾਹਾਂ ਨੇ ਬਲਾਕ-1 ਦੇ ਪ੍ਰਧਾਨ ਗੁਰਭਿੰਦਰ ਸਿੰਘ ਕੋਕਰੀ ਦੀ ਅਗਵਾਈ ਹੇਠ ਡਾਲਾ ਤੇ ਕੋਕਰੀ ਕਲਾਂ ਪਿੰਡ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਸਾੜੇ ਗਏ, ਜਦ ਕਿ ਡਾਲਾ ਪਿੰਡ ਦੀ ਅਗਵਾਈ ਮੰਗਲ ਸਿੰਘ ਨੇ ਕੀਤੀ। ਉਕਤ ਬੁਲਾਰਿਆਂ ਨੇ ਕਿਹਾ ਕਿ ਦੇਸ਼ ਦੇ ਪਾਲਨ ਹਾਰੇ ਕਿਸਾਨਾਂ ਨੂੰ ਮਾਓਵਾਦੀ, ਖਾਲਸਤਾਨੀ, ਪਾਕਿਸਤਾਨ ਦੇ ਏਜੰਟ, ਨਕਸਲੀ, ਦੇਸ ਧਰੋਹ ਕਹਿਣ ਵਾਲੀ ਭਾਰਤੀ ਜਨਤਾ ਪਾਰਟੀ ਅਤੇ ਇਸ ਦੇ ਕਰਿੰਦੇ ਅਜੇ ਵੀ ਇਹ ਆਸ ਲਗਾਈ ਬੈਠੇ ਹਨ ਕਿ ਪੰਜਾਬ ਸਾਨੂੰ ਵੋਟਾਂ ਪਾਵੇਗਾ ਇਹ ਭੁੱਲ ਜਾਵੇ ਕਿ ਸਾਨੂੰ ਪੰਜਾਬ ਸਾਥ ਦੇਵੇਗਾ ਕਿਉਂਕਿ ਅਸੀ ਪੰਜਾਬੀ 21-21 ਸਾਲ ਖੋਰਾ ਨਹੀਂ ਗਵਾਉਂਦੇ। ਅਜੇ ਸੱਜਰੇ ਅੱਲੇ ਜ਼ਖ਼ਮ ਪੰਜਾਬੀ ਕਿਸਾਨ ਕਿਸੇ ਭੁੱਲਣਗੇ ? ਉਕਤ ਬੁਲਾਰਿਆਂ ਨੇ ਕਿਹਾ ਕਿ ਮੋਦੀ ਦੀ 5 ਜਨਵਰੀ ਦੀ ਪੰਜਾਬ ਫੇਰੀ ਦਾ ਵਿਰੋਧ ਜਾਰੀ ਰਹੇਗਾ। ਇਸ ਸਮੇਂ ਇਕਬਾਲ ਸਿੰਘ, ਅੰਮ੍ਰਿਤਪਾਲ ਸਿੰਘ, ਸ਼ਿੰਦਰ ਸਿੰਘ, ਬਲਜੀਤ ਕੌਰ, ਹਾਕਮ ਸਿੰਘ, ਮਨਜਿੰਦਰ ਸਿੰਘ, ਕਰਮਜੀਤ ਕੌਰ, ਹਰਦੀਪ ਕੌਰ ਕਿਸਾਨ ਆਗੂ ਹਾਜ਼ਰ ਸਨ।

# ਭਲਕੇ ਦੀ ਖਰੜ ਰੈਲੀ ਸਰਕਾਰ ਦੇ ਤਾਬੂਤ 'ਚ ਆਖ਼ਰੀ ਕਿੱਲ ਸਾਬਤ ਹੋਵੇਗੀ - ਢਿੱਲੋਂ

ਮੋਗਾ, 3 ਜਨਵਰੀ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- ਪੰਜਾਬ ਸਰਕਾਰ ਨੇ 36000 ਮੁਲਾਜ਼ਮ ਪੱਕੇ ਕਰਨ ਸਬੰਧੀ ਬੈਨਰ ਲਗਾ ਕੇ ਪੰਜਾਬ ਦੀਆਂ ਸਾਰੀਆਂ ਕੰਧਾਂ ਭਰ ਕੇ ਜਿੱਥੇ ਲੋਕਾਂ ਦੇ ਟੈਕਸ ਦੇ ਪੈਸੇ ਦੀ ਵੱਡੀ ਪੱਧਰ 'ਤੇ ਬਰਬਾਦੀ ਕੀਤੀ ਹੈ ਉੱਥੇ ਰਾਜਪਾਲ ਦਾ ਬਿਆਨ ਆਉਣ ਤੋਂ ਬਾਅਦ 36000 ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਕੋਰਾ ਝੂਠ ਵੀ ਬੇਨਕਾਬ ਹੋ ਗਿਆ ਹੈ। ਸਰਕਾਰ ਡੈਮੇਜ ਨੂੰ ਕੰਟਰੋਲ ਕਰਨ ਲਈ ਰਾਜਪਾਲ ਦੇ ਘਰ ਅੱਗੇ ਧਰਨੇ ਲਗਾ ਕੇ ਨੌਟੰਕੀ ਕਰ ਰਹੀ ਹੈ ਤੇ ਲੋਕਾਂ ਨੂੰ ਫਿਰ ਤੋਂ ਬੇਵਕੂਫ਼ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ 5 ਜਨਵਰੀ ਨੂੰ ਖਰੜ ਵਿਖੇ ਹੋਣ ਵਾਲੀ ਰੈਲੀ ਕਾਂਗਰਸ ਸਰਕਾਰ ਦੇ ਤਾਬੂਤ ਵਿਚ ਆਖ਼ਰੀ ਕਿੱਲ ਸਾਬਤ ਹੋਵੇਗੀ। ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਕਨਵੀਨਰ ਕੁਲਬੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਮੰਗਾਂ ਨੂੰ ਲੈ ਕੇ ਸਮੁੱਚੇ ਪੰਜਾਬ ਦੇ ਪੈਰਾਮੈਡੀਕਲ ਕਰਮਚਾਰੀ ਹੜਤਾਲ 'ਤੇ ਹਨ ਅਤੇ ਸਰਕਾਰ ਆਪਣੀਆਂ ਕਮੀਆਂ ਉਜਾਗਰ ਹੋਣ ਦੇ ਡਰੋਂ ਵਾਰ ਵਾਰ ਮੀਟਿੰਗਾਂ ਰੱਖ ਕੇ ਬਿਨਾਂ ਅਗਾਊਂ ਨੋਟਿਸ ਤੋਂ ਰੱਦ ਕਰ ਰਹੀ ਹੈ, ਜਿਸ ਕਾਰਨ ਮੁਲਾਜ਼ਮਾਂ ਦਾ ਗ਼ੁੱਸਾ ਵਧ ਗਿਆ ਹੈ। ਉਨ੍ਹਾਂ ਦੱਸਿਆ ਕਿ ਜੇਕਰ ਸਰਕਾਰ ਨੇ 5 ਜਨਵਰੀ ਤੱਕ ਵੀ ਸਾਡੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ 7 ਅਤੇ 8 ਜਨਵਰੀ ਨੂੰ ਦੋ ਦਿਨਾਂ ਲਈ ਲਾਡੋ ਵਾਲ ਟੋਲ ਪਲਾਜ਼ਾ ਨੂੰ ਜਾਮ ਕੀਤਾ ਜਾਵੇਗਾ ਤੇ ਜੇਕਰ ਉਸ ਤੋਂ ਪਹਿਲਾਂ ਚੋਣਾਂ ਦਾ ਐਲਾਨ ਹੋ ਜਾਂਦਾ ਹੈ ਤਾਂ ਕਾਂਗਰਸ ਦੇ ਵਿਧਾਇਕ ਉਮੀਦਵਾਰਾਂ ਨੂੰ ਪਿੰਡਾਂ ਵਿਚ ਘੇਰਿਆ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਮੰਗਾਂ ਦੇ ਹੱਲ ਤੱਕ ਪੈਰਾਮੈਡੀਕਲ ਕਰਮਚਾਰੀਆਂ ਵਲੋਂ ਕੰਮ ਦਾ ਮੁਕੰਮਲ ਬਾਈਕਾਟ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਜੋਇੰਟ ਐਕਸ਼ਨ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਮਹਿੰਦਰ ਪਾਲ ਲੂੰਬਾ, ਰਾਜ ਕੁਮਾਰ ਢੁੱਡੀਕੇ, ਪਰਮਿੰਦਰ ਸਿੰਘ ਸਭਰਵਾਲ, ਜਗਪਾਲ ਕੌਰ, ਬਲਜਿੰਦਰ ਸਿੰਘ, ਰਸ਼ਪਾਲ ਸਿੰਘ, ਮਨਵਿੰਦਰ ਕਟਾਰੀਆ, ਜੋਗਿੰਦਰ ਸਿੰਘ ਮਾਹਲਾ, ਅਨਮੋਲ ਸਿੰਘ ਭੱਟੀ, ਰਾਜਪਾਲ ਕੌਰ, ਬਲਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।